# ਦਫਤਰ ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ -ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ

## ਸਮੱਗਰ ਸਿੱਖਿਆ ਅਭਿਆਨ (ਪੰਜਾਬ)

**ਪੰਜਵੀਂ ਮੰਜ਼ਿਲ, ਈ.ਬਲਾਕ, ਸਿੱਖਿਆ ਭਵਨ, ਫੇਜ਼-8, ਸਅਸ ਨਗਰ, ਪੰਜਾਬ-160062**

---

**ਵੱਲ**

**ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)**

**ਪੰਜਾਬ ।**

ਮੀਮੋ ਨੰ: 2026 / ਐਨ.ਐਸ.ਕਿਉ.ਐਫ (742684)/੨੧੧੪੪੧ ਮਿਤੀ: 13/08/੨੦੨੬

**ਵਿਸ਼ਾ:-** **ਪੰਜਾਬ ਰਾਜ ਦੇ ਸਕੂਲਾਂ ਵਿੱਚ "Skilling for AI Readiness (SOAR)" ਪ੍ਰੋਗਰਾਮ/ ਪ੍ਰੋਜੈਕਟ ਟੀਮ ਨੂੰ ਪੂਰਨ ਸਹਿਯੋਗ, ਸੁਵਿਧਾਵਾਂ ਅਤੇ ਦਿਸ਼ਾ-ਨਿਰਦੇਸ਼ ਜਾਰੀ ਕਰਨ ਸਬੰਧੀ।**

*ਹਵਾਲਾ:-* *ਇਸ ਦਫ਼ਤਰ ਦਾ ਪੱਤਰ ਨੰ :2026/ਐਨ.ਐਸ.ਕਿਊ.ਐਫ (724684) 11462 ਮਿਤੀ 13/01/2026*

1.0 ਉਪਰੋਕਤ ਵਿਸ਼ੇ ਅਤੇ ਹਵਾਲੇ ਦੇ ਸਬੰਧ ਵਿੱਚ।

2.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਜਾਰੀ ਕੀਤੇ ਗਏ ਪੱਤਰ ਦੀ ਲਗਾਤਾਰਤਾ ਵਿੱਚ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਕੂਲਾਂ ਵਿੱਚ Skilling for AI Readiness (SOAR) ਪ੍ਰੋਗਰਾਮ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਲੋੜੀਂਦੀਆਂ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।

3.0 ਇਸ ਪ੍ਰੋਜੈਕਟ ਨੂੰ ਜ਼ਿਲ੍ਹੇ ਦੇ ਸਮੂਹ ਸਕੂਲਾਂ ਵਿੱਚ ਬਿਨਾਂ ਕਿਸੇ ਰੁਕਾਵਟ ਦੇ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਹੇਠ ਲਿਖੇ ਅਨੁਸਾਰ ਆਦੇਸ਼/ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ:-

(ੳ) SOAR ਟੀਮ ਨੂੰ ਸਹਿਯੋਗ ਦੇਣ ਲਈ ਜ਼ਿਲ੍ਹੇ ਵਿੱਚ ਆਉਣ ਵਾਲੀ SOAR ਪ੍ਰੋਜੈਕਟ ਟੀਮ/ ਰਿਸੋਰਸ ਪਰਸਨਜ਼ ਨੂੰ ਸਕੂਲਾਂ ਵਿੱਚ ਸੈਮੀਨਾਰ, ਵਰਕਸ਼ਾਪਾਂ ਤੇ ਜਾਗਰੂਕਤਾ ਕੈਂਪ ਲਗਾਉਣ ਲਈ ਪੂਰਨ ਸਹਿਯੋਗ ਦਿੰਦੇ ਹੋਏ ਲੋੜੀਂਦੀਆਂ ਸੁਵਿਧਾਵਾਂ ਮੁਹੱਇਆ ਕਰਵਾਈਆਂ ਜਾਣ।

(ਅ) ਜਮਾਤ 6ਵੀਂ ਤੋਂ 12ਵੀਂ ਤੱਕ ਦੇ ਸਮੂਹ ਵਿਦਿਆਰਥੀਆਂ ਦੀ Skill India Digital Hub ਦੀ ਵੈੱਬਸਾਈਟ 'ਤੇ ਰਜਿਸ਼ਟ੍ਰੇਸ਼ਨ ਯਕੀਨੀ ਬਣਾਈ ਜਾਵੇ ਅਤੇ ਇਸ ਸਬੰਧੀ ਲੋੜੀਦਾਂ ਡਾਟਾ ਸਮੇਂ ਸਿਰ ਅਪਡੇਟ ਕੀਤਾ ਜਾਵੇ। ਸਬੰਧਤ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਜਾਣ।

(ੲ) SOAR ਪ੍ਰੋਜੈਕਟ ਟੀਮ ਨਾਲ ਨਿਰੰਤਰ ਤਾਲਮੇਲ ਰੱਖਣ ਲਈ ਆਪਣੇ ਜ਼ਿਲ੍ਹੇ ਵਿੱਚ ਇੱਕ ਜ਼ਿਲ੍ਹਾ ਨੋਡਲ ਅਫ਼ਸਰ ਵੋਕੇਸ਼ਨਲ ਕੋਆਰਡੀਨੇਟਰ ਤੈਨਾਤ ਕੀਤਾ ਜਾਵੇ ਤਾਂ ਜੋ ਕੰਮ ਵਿੱਚ ਕਿਸੇ ਕਿਸਮ ਦੀ ਦੇਰੀ ਨਾ ਹੋਵੇ।

4.0 ਉਕਤ ਮਾਮਲੇ ਨੂੰ ਅਤਿ ਜ਼ਰੂਰੀ ਸਮਝਦੇ ਹੋਏ ਸਬੰਧਤ ਦਿਸ਼ਾ-ਨਿਰਦੇਸ਼ਾਂ ਦੀ ਤੁਰੰਤ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ।

**ਸਹਾਇਕ ਡਾਇਰੈਕਟਰ (NSQF)**

ਪਿੱਠ-ਅੰਕਣ ਨੰ: ਉਕਤ /ਹਿੱਤ ਮਿਤੀ : 13/08/੨੦੨੬

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :

1. SOAR ਪ੍ਰੋਜੈਕਟ ਸਟੇਟ ਟੀਮ ਰਿਸੋਰਸ ਪਰਸਨਜ਼।/
2. ਸਬੰਧਤ ਸਕੂਲ ਮੁਖੀ

**ਸਹਾਇਕ ਡਾਇਰੈਕਟਰ (NSQF)**